ਕਾਨੜਾ ਮਹਲਾ ੫ ॥ ਤੇਰੋ ਜਨੁ ਹਰਿ ਜਸੁ ਸੁਨਤ ਉਮਾਹਿਓ ॥੧॥ ਰਹਾਉ ॥ ਮਨਹਿ ਪ੍ਰਗਾਸੁ ਪੇਖਿ ਪ੍ਰਭ ਕੀ ਸੋਭਾ ਜਤ ਕਤ ਪੇਖਉ ਆਹਿਓ ॥੧॥ ਸਭ ਤੇ ਪਰੈ ਪਰੈ ਤੇ ਊਚਾ ਗਹਿਰ ਗੰਭੀਰ ਅਥਾਹਿਓ ॥੨॥ ਓਤਿ ਪੋਤਿ ਮਿਲਿਓ ਭਗਤਨ ਕਉ ਜਨ ਸਿਉ ਪਰਦਾ ਲਾਹਿਓ ॥੩॥ ਗੁਰ ਪ੍ਰਸਾਦਿ ਗਾਵੈ ਗੁਣ ਨਾਨਕ ਸਹਜ ਸਮਾਧਿ ਸਮਾਹਿਓ ॥੪॥੬॥ {ਪੰਨਾ 1299}

ਪਦ ਅਰਥ:- ਜਨੁ—ਦਾਸ, ਸੇਵਕ। ਜਸੁ—ਸਿਫ਼ਤਿ-ਸਾਲਾਹ। ਸੁਨਤ—ਸੁਣਦਿਆਂ। ਉਮਾਹਿਓ—ਉਮਾਹ ਵਿਚ ਆ ਜਾਂਦਾ ਹੈ, ਪ੍ਰਸੰਨ-ਚਿੱਤ ਹੋ ਜਾਂਦਾ ਹੈ।1। ਰਹਾਉ।

ਮਨਹਿ—ਮਨ ਵਿਚ। ਪ੍ਰਗਾਸੁ—(ਆਤਮਕ ਜੀਵਨ ਦਾ) ਚਾਨਣ। ਪੇਖਿ—ਵੇਖ ਕੇ। ਸੋਭਾ—ਵਡਿਆਈ। ਜਤ ਕਤ—ਜਿੱਥੇ ਕਿੱਥੇ, ਹਰ ਥਾਂ। ਪੇਖਉ—ਪੇਖਉਂ, ਮੈਂ ਵੇਖਦਾ ਹਾਂ। ਆਹਿਓ—ਮੌਜੂਦ।1।

ਤੇ—ਤੋਂ। ਤੇ ਊਚਾ—(ਸਭ) ਤੇ ਉੂਚਾ। ਗਹਿਰ—ਡੂੰਘਾ। ਗੰਭੀਰ—ਵੱਡੇ ਜਿਗਰੇ ਵਾਲਾ।2।

ਓਤਿ—ਉਣੇ ਹੋਏ ਵਿਚ। ਪੋਤਿ—ਪ੍ਰੋਤੇ ਹੋਏ ਵਿਚ। ਪਰਦਾ—ਵਿੱਥ। ਲਾਹਿਓ—ਦੂਰ ਕਰ ਦਿੱਤਾ।3।

ਪ੍ਰਸਾਦਿ—ਕਿਰਪਾ ਨਾਲ। ਸਹਜ—ਆਤਮਕ ਅਡੋਲਤਾ। ਸਮਾਹਿਓ—ਲੀਨ ਰਹਿੰਦਾ ਹੈ।4।

ਅਰਥ:- ਹੇ ਪ੍ਰਭੂ! ਤੇਰਾ ਸੇਵਕ ਤੇਰੀ ਸਿਫ਼ਤਿ-ਸਾਲਾਹ ਸੁਣਦਿਆਂ ਉਮਾਹ ਵਿਚ ਆ ਜਾਂਦਾ ਹੈ।1। ਰਹਾਉ।

ਹੇ ਭਾਈ! ਪ੍ਰਭੂ ਦੀ ਵਡਿਆਈ ਵੇਖ ਕੇ (ਮੇਰੇ) ਮਨ ਵਿਚ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ। ਮੈਂ ਜਿਧਰ ਕਿਧਰ ਵੇਖਦਾ ਹਾਂ, (ਮੈਨੂੰ ਉਹ ਹਰ ਪਾਸੇ) ਮੌਜੂਦ (ਦਿੱਸਦਾ) ਹੈ।

ਹੇ ਭਾਈ! ਪਰਮਾਤਮਾ ਸਭ ਜੀਵਾਂ ਤੋਂ ਵੱਡਾ ਹੈ ਸਭ ਜੀਵਾਂ ਤੋਂ ਉੱਚਾ ਹੈ; ਡੂੰਘਾ (ਸਮੁੰਦਰ) ਹੈ, ਵੱਡੇ ਜਿਗਰੇ ਵਾਲਾ ਹੈ, ਉਸ ਦੀ ਹਾਥ ਨਹੀਂ ਲੱਭ ਸਕਦੀ।2।

ਹੇ ਭਾਈ! (ਜਿਵੇਂ) ਤਾਣੇ ਵਿਚ ਪੇਟੇ ਵਿਚ (ਧਾਗਾ ਮਿਲਿਆ ਹੋਇਆ ਹੁੰਦਾ ਹੈ, ਤਿਵੇਂ) ਪਰਮਾਤਮਾ ਆਪਣੇ ਭਗਤਾਂ ਨੂੰ ਮਿਲਿਆ ਹੁੰਦਾ ਹੈ, ਹੇ ਭਾਈ! ਆਪਣੇ ਸੇਵਕਾਂ ਤੋਂ ਉਸ ਨੇ ਉਹਲਾ ਦੂਰ ਕੀਤਾ ਹੁੰਦਾ ਹੈ।3।

ਹੇ ਨਾਨਕ! ਗੁਰੂ ਦੀ ਕਿਰਪਾ ਨਾਲ (ਜਿਹੜਾ ਮਨੁੱਖ ਪਰਮਾਤਮਾ ਦੇ) ਗੁਣ ਗਾਂਦਾ ਰਹਿੰਦਾ ਹੈ ਉਹ ਆਤਮਕ ਅਡੋਲਤਾ ਦੀ ਸਮਾਧੀ ਵਿਚ ਲੀਨ ਰਹਿੰਦਾ ਹੈ।4।6।